# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :27-08-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ - ਸਰਕਾਰ 21ਵੀਂ ਸਦੀ ਦੇ ਭਾਰਤ ਲਈ, ਇੱਕ ਆਧੁਨਿਕ ਖੇਡ ਪ੍ਰਣਾਲੀ ਬਣਾਉਣ ਲਈ ਵਚਨਬੱਧ ਏ।
- ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਕੱਲ ਬਾਬਾ ਬਕਾਲਾ ਵਿਖੇ ਕਿਸਾਨ ਚੌਪਾਲ ਵਿੱਚ ਹਿੱਸਾ ਲੈਣਗੇ।
- ਪੰਜਾਬ 'ਚ ਸਰਕਾਰੀ ਮੁਲਾਜ਼ਮਾਂ ਦੀ ਹੜਤਾਲ -ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ -ਸਰਕਾਰ ਹਰ ਮੁੱਦੇ ਦਾ ਹੱਲ ਲੱਭਣ ਲਈ ਵਚਨਬੱਧ ਪਰ ਗੱਲਬਾਤ ਅਤੇ ਹੜਤਾਲ ਇੱਕੋ ਸਮੇਂ ਨਹੀਂ ਚੱਲ ਸਕਦੀਆਂ।
- ਭਾਰਤੀ ਜਨਤਾ ਪਾਰਟੀ ਨੇ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ 'ਤੇ ਆਪਣੇ ਸਰਕਾਰੀ ਮੁਲਾਜ਼ਮਾਂ ਨੂੰ ਮਹਿੰਗਾਈ ਭੱਤਾ ਜਾਰੀ ਨਾ ਕਰਨ ਦਾ ਇਲਜ਼ਾਮ ਲਗਾਇਆ।
- ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਮੈਂਬਰ ਚੇਤਨ ਪ੍ਰਕਾਸ਼ ਧਾਲੀਵਾਲ ਨੇ ਅੱਜ ਜਲੰਧਰ 'ਚ ਕੌਮੀ ਖੁਰਾਕ ਸੁਰੱਖਿਆ

ਐਕਟ 2013 ਅਧੀਨ ਚੱਲ ਰਹੀਆਂ ਵੱਖ-ਵੱਖ ਯੋਜਨਾਵਾਂ ਦਾ ਨਿਰੀਖਣ ਕੀਤਾ।

-----------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਸਰਕਾਰ 21ਵੀਂ ਸਦੀ ਦੇ ਭਾਰਤ ਲਈ ਇੱਕ ਆਧੁਨਿਕ ਖੇਡ ਪ੍ਰਣਾਲੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਏ। ਉਨ੍ਹਾਂ ਕਿਹਾ ਕਿ ਖੇਡ ਯੂਨੀਵਰਸਿਟੀਆਂ ਤੋਂ ਲੈ ਕੇ ਆਧੁਨਿਕ ਸਿਖਲਾਈ ਕੇਂਦਰਾਂ ਤੱਕ, ਦੇਸ਼ ਭਰ ਵਿੱਚ ਇੱਕ ਖੇਡ ਵਾਤਾਵਰਣ ਪ੍ਰਣਾਲੀ ਵਿਕਸਤ ਕੀਤੀ ਜਾ ਰਹੀ ਏ ਜੋ ਹਰ ਪੱਧਰ 'ਤੇ ਖਿਡਾਰੀਆਂ ਦੀ ਪ੍ਰਤਿਭਾ ਦਾ ਸਮਰਥਨ ਕਰਦੀ ਏ। ਅੱਜ ਵੀਡੀਓ ਕਾਨਫਰੰਸ ਰਾਹੀਂ ਖੇਲੋ ਇੰਡੀਆ ਸੰਵਾਦ ਨੂੰ ਸੰਬੋਧਨ ਕਰਦੇ ਹੋਏ, ਸ਼੍ਰੀ ਮੋਦੀ ਨੇ ਕਿਹਾ ਕਿ ਖੇਡਾਂ ਸਿਰਫ ਤਮਗੇ ਜਿੱਤਣ ਤੱਕ ਸੀਮਤ ਨਹੀਂ ਇਹ ਇੱਕ ਵਿਕਸਤ ਭਾਰਤ ਦੇ ਨਿਰਮਾਣ ਵਿੱਚ ਦੇਸ਼ ਦੀ ਖੇਡ ਪ੍ਰਤਿਭਾ ਅਤੇ ਯੁਵਾ ਸ਼ਕਤੀ ਨੂੰ ਜੋੜਨ ਦੀ ਮੁਹਿੰਮ ਏ। BYTE:RNu270826

-----------------------------------------------------------------

ਰਾਸ਼ਟਰੀ ਖੇਡ ਦਿਵਸ 2026 ਦੇ ਜਸ਼ਨਾਂ ਦੇ ਹਿੱਸੇ ਵਜੋਂ, ਪੰਜਾਬ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੇ 51 ਵਿਦਿਅਕ ਸੰਸਥਾਵਾਂ ਦੇ ਹਜ਼ਾਰਾਂ ਵਿਦਿਆਰਥੀਆਂ ਅਤੇ ਐਨ.ਐਸ.ਐਸ ਵਲੰਟੀਅਰਾਂ ਨੇ ਅੱਜ ਰਾਸ਼ਟਰੀ ਵੀਡੀਓ ਪ੍ਰੋਗਰਾਮ 'ਖੇਲੋ ਇੰਡੀਆ ਸੰਵਾਦ - ਖੇਲ ਕੀ ਬਾਤ-ਪੀ.ਐਮ ਕੇ ਸਾਥ' ਵਿੱਚ ਹਿੱਸਾ ਲਿਆ, ਅਤੇ ਪ੍ਰਧਾਨ ਮੰਤਰੀ ਨਰੇਂਦਰ ਨਰੇਂਦਰ ਮੋਦੀ ਦਾ ਭਾਸ਼ਣ ਸੁਣਿਆ। ਮਾਈ ਭਾਰਤ ਪੰਜਾਬ ਦੀ ਸਟੇਟ ਡਾਇਰੈਕਟਰ,

ਰਸ਼ਮੀਤ ਕੌਰ ਨੇ ਕਿਹਾ ਕਿ ਕੇਂਦਰੀ ਯੁਵਾ ਮਾਮਲੇ ਅਤੇ ਖੇਡ ਮੰਤਰਾਲੇ ਦੇ 'ਮੇਰਾ ਯੁਵਾ ਭਾਰਤ (ਮਾਈ  ਭਾਰਤ) ਵਲੋਂ ਆਯੋਜਿਤ ਇਸ ਪ੍ਰੋਗਰਾਮ ਦਾ ਉਦੇਸ਼ ਨੌਜਵਾਨਾਂ ਨੂੰ ਖੇਡਾਂ, ਤੰਦਰੁਸਤੀ ਅਤੇ ਨੌਜਵਾਨਾਂ ਦੀ ਅਗਵਾਈ ਵਾਲੇ ਵਿਕਾਸ ਭਾਰਤ ਦੇ ਰਾਸ਼ਟਰੀ ਦ੍ਰਿਸ਼ਟੀਕੋਣ ਨਾਲ ਜੋੜਨਾ ਸੀ। ਫਤਹਿਗੜ੍ਹ ਅਤੇ ਪਠਾਨਕੋਟ ਤੋਂ ਕਾਲਜਾਂ ਦੇ ਵਿਧੀਰਥੀਆਂ ਨੇ ਕਿਹਾ ਕਿ ਪ੍ਰਧਾਨ ਮੰਤਰੀ ਦੇ ਸੰਦੇਸ਼ ਹਮੇਸ਼ਾ ਨੌਜਵਾਨਾਂ ਨੂੰ ਵਿਕਾਸ ਭਾਰਤ ਬਣਾਉਣ ਲਈ ਸਮਰਪਿਤ ਹੋ ਕੇ ਕੰਮ ਕਰਨ ਲਈ ਪ੍ਰੇਰਣਾ ਦਿੰਦੇ ਨੇ । BYTE:RNU270826

ਪ੍ਰਸਿੱਧ ਕ੍ਰਿਕਟਰ ਖਿਡਾਰੀ ਅਤੇ ਮੈਂਬਰ ਪਾਰਲੀਮੈਂਟ ਹਰਭਜਨ ਸਿੰਘ ਨੇ ਇਸ ਮੌਕੇ NIT ਜਲੰਧਰ ਵਿੱਚ ਵੀ ਪ੍ਰੋਗਰਾਮ ਵਿੱਚ ਹਿੱਸਾ ਲਿਆ ਅਤੇ ਉਨ੍ਹਾਂ ਨਾਲ ਗੱਲਬਾਤ ਕੀਤੀ । BYTE:RNU270826

---------------------------------------------------------------------------

ਕੇਂਦਰੀ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਅੱਜ ਪੰਜਾਬ ਪਹੁੰਚ ਰਹੇ ਨੇ । ਉਹ ਭਲਕੇ ਸਵੇਰੇ ਅੰਮ੍ਰਿਤਸਰ ਸਥਿਤ ਸ੍ਰੀ ਹਰਿਮੰਦਰ ਸਾਹਿਬ, ਵਿਖੇ ਮੱਥਾ ਟੇਕਣ ਤੋਂ ਬਾਅਦ ਬਾਬਾ ਬਕਾਲਾ ਵਿਖੇ ਕਿਸਾਨ ਚੌਪਾਲ ਵਿੱਚ ਹਿੱਸਾ ਲੈਣਗੇ। ਇਸ ਤੋਂ ਬਾਅਦ ਉਹ ਗੁਰਦੁਆਰਾ ਬਾਬਾ ਬਕਾਲਾ ਸਾਹਿਬ ਵਿਖੇ ਵੀ ਮੱਥਾ ਟੇਕਣ ਜਾਣਗੇ। ਬਾਬਾ ਬਕਾਲਾ ਸਾਹਿਬ ਸਿਰਫ਼ ਇੱਕ ਇਤਿਹਾਸਕ ਸਥਾਨ ਹੀ ਨਹੀਂ, ਸਗੋਂ ਸਿੱਖ ਧਰਮ ਅਤੇ ਸੱਚ ਦੀ ਪਛਾਣ ਨਾਲ ਜੁੜਿਆ ਮਹੱਤਵਪੂਰਨ ਅਸਥਾਨ ਏ ।  ਇਸ ਦੌਰਾਨ ਪੰਜਾਬ BJP ਦੇ ਸੂਤਰਾਂ ਮੁਤਾਬਕ ਸ੍ਰੀ

ਚੌਹਾਨ ਵੱਲੋਂ ਪਾਰਟੀ ਦੀ ਇੱਕ ਕਾਨਫਰੰਸ ਨੂੰ ਵੀ ਸੰਬੋਧਨ ਕਰਨ ਦੀ ਉਮੀਦ ਏ।

---------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਰਕਾਰੀ ਮੁਲਾਜ਼ਮਾਂ ਨਾਲ ਆਪਣੀ ਨਿਰਧਾਰਤ ਗੱਲਬਾਤ ਉਦੋਂ ਤੱਕ ਰੱਦ ਕਰ ਦਿੱਤੀ ਏ ਜਦੋਂ ਤੱਕ ਉਹ ਆਪਣੀ ਹੜਤਾਲ ਖਤਮ ਨਹੀਂ ਕਰਦੇ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਉਨ੍ਹਾਂ ਹੜਤਾਲ ਕਰ ਰਹੇ ਮੁਲਜ਼ਮਾਂ ਨੂੰ ਸਪੱਸ਼ਟ ਕੀਤਾ ਕਿ ਉਨ੍ਹਾਂ ਦੇ ਮੁੱਦਿਆਂ 'ਤੇ ਗੱਲਬਾਤ ਉਦੋਂ ਹੀ ਹੋਵੇਗੀ ਜਦੋਂ ਉਹ ਹੜਤਾਲ ਖਤਮ ਕਰ ਦੇਣਗੇ। ਉਨ੍ਹਾਂ ਕਿਹਾ ਕਿ ਸਰਕਾਰ ਹਰ ਮੁੱਦੇ ਦਾ ਹੱਲ ਲੱਭਣ ਲਈ ਵਚਨਬੱਧ ਏ ਪਰ ਗੱਲਬਾਤ ਅਤੇ ਹੜਤਾਲ ਇੱਕੋ ਸਮੇਂ ਨਹੀਂ ਚੱਲ ਸਕਦੀਆਂ। ਸਾਡੇ ਪੱਤਰਕਾਰ ਨੇ ਦੱਸਿਆ ਕਿ ਪੰਜਾਬ ਦੇ ਲੱਖਾਂ ਸਰਕਾਰੀ ਮੁਲਾਜ਼ਮਾਂ ਅਤੇ ਪੈਨਸ਼ਨਰ ਅੱਜ ਮਹਿੰਗਾਈ ਭੱਟ ਜਾਰੀ ਕਰਨ ਅਤੇ ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ ਸਮੇਤ ਆਪਣੀਆਂ ਲੰਬੇ ਸਮੇਂ ਤੋਂ ਬਕਾਇਆ ਮੰਗਾਂ ਲਈ 'ਮਹਾਂ ਹੜਤਾਲ' ਕਰ ਰਹੇ ਨੇ। ਖਬਰਾਂ ਮੁਤਾਬਿਕ ਸ੍ਰੀ ਮਾਨ ਨੂੰ ਅੱਜ ਜਲੰਧਰ ਵਿਖੇ ਮੁਲਾਜ਼ਮਾਂ ਜਥੇਬੰਦੀ ਦੇ ਆਗੂਆਂ ਨਾਲ ਉਨ੍ਹਾਂ ਦੀਆਂ ਮੰਗਾਂ ਅਤੇ ਸ਼ਿਕਾਇਤਾਂ ਸੁਣਨ ਲਈ ਮਿਲਣਾ ਸੀ। ਹਾਲਾਂਕਿ, ਗੱਲਬਾਤ ਬਾਰੇ ਮੁੱਖ ਮੰਤਰੀ ਵਲੋਂ ਇਕ ਪੋਸਟ ਤੋਂ ਤੁਰੰਤ ਬਾਅਦ, ਪੰਜਾਬ ਸਕੱਤਰੇਤ ਚੰਡੀਗੜ੍ਹ, ਜਲੰਧਰ ਅਤੇ ਹੋਰ ਥਾਵਾਂ 'ਤੇ ਕਰਮਚਾਰੀਆਂ ਨੇ ਆਪਣੀ ਹੜਤਾਲ ਤੇਜ਼ ਕਰ ਦਿੱਤੀ ਅਤੇ ਸਰਕਾਰ ਅਤੇ ਸ੍ਰੀ ਮਾਨ ਖਿਲਾਫ ਨਾਅਰੇਬਾਜ਼ੀ ਕੀਤੀ। ਹਾਲਾਂਕਿ, ਆਮ ਜਨਜੀਵਨ

ਵਿੱਚ ਕੋਈ ਵਿਘਨ ਨਹੀਂ ਪਿਆ ਕਿਉਂਕਿ ਮੁਲਾਜ਼ਮਾਂ ਨੇ ਸੜਕਾਂ ਨਹੀਂ ਰੋਕੀਆਂ ਅਤੇ ਨਿੱਜੀ ਕਾਰੋਬਾਰ ਆਮ ਵਾਂਗ ਚੱਲ ਰਹੇ ਸਨ।

---------------------------------------------------------------------------

ਓਧਰ ਭਾਰਤੀ ਜਨਤਾ ਪਾਰਟੀ ਨੇ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ 'ਤੇ ਆਪਣੇ ਸਰਕਾਰੀ ਮੁਲਾਜ਼ਮਾਂ ਨੂੰ ਮਹਿੰਗਾਈ ਭੱਤਾ ਜਾਰੀ ਨਾ ਕਰਨ ਦਾ ਇਲਜ਼ਾਮ ਲਗਾਇਆ ਏ। ਨਵੀਂ ਦਿੱਲੀ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ BJP ਦੇ ਬੁਲਾਰੇ ਪ੍ਰਦੀਪ ਭੰਡਾਰੀ ਨੇ ਕਿਹਾ ਕਿ ਤਿੰਨ ਲੱਖ ਤੋਂ ਵੱਧ ਰਾਜ ਸਰਕਾਰੀ ਮੁਲਾਜ਼ਮਾਂ ਮਹਿੰਗਾਈ ਭੱਤੇ ਦੀ ਬਕਾਇਆ ਰਾਸ਼ੀ ਹੁਣ ਤਕ ਜਾਰੀ ਨਾ ਹੋਣ ਕਾਰਨ ਵਿਰੋਧ ਪ੍ਰਦਰਸ਼ਨ ਕਰ ਰਹੇ ਨੇ। ਸ੍ਰੀ ਭੰਡਾਰੀ ਨੇ ਕਾਲਜਾਂ ਅਤੇ ਉੱਚ ਸਿੱਖਿਆ ਸੰਸਥਾਵਾਂ ਸਮੇਤ ਖਾਲੀ ਅਧਿਆਪਨ ਅਸਾਮੀਆਂ ਦਾ ਮੁੱਦਾ ਵੀ ਉਠਾਇਆ। ਉਨ੍ਹਾਂ ਇਲਜ਼ਾਮ ਲਗਾਇਆ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਸਰਕਾਰ ਭ੍ਰਿਸ਼ਟਾਚਾਰ ਵਿੱਚ ਸ਼ਾਮਲ ਏ, ਜਿਸ ਕਾਰਨ ਸੂਬੇ ਵਿੱਚ ਪ੍ਰਤੀ ਵਿਅਕਤੀ ਆਮਦਨ ਘਟ ਰਹੀ ਏ।

---------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਪੰਜਾਬ ਪੁਲਿਸ ਵਿੱਚ ਸ਼ਾਮਲ ਹੋਣ ਵਾਲੇ ਇਕ ਹਜ਼ਾਰ 746 ਨੌਜਵਾਨਾਂ ਨੂੰ ਨਿਯੁਕਤੀ ਪੱਤਰ ਸੌਂਪੇ। ਪੀਏਪੀ ਗਰਾਊਂਡ ਫਿਲੌਰ ਵਿਖੇ ਹੋਏ ਇਕ ਸਮਾਰੋਹ ਦੌਰਾਨ ਸੰਬੋਧਨ ਕਰਦਿਆਂ ਮੁਖ ਮੰਤਰੀ ਨੇ ਕਿਹਾ।
BYTE:RNU270826

---------------------------------------------------------------------------

ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਮੈਂਬਰ ਚੇਤਨ ਪ੍ਰਕਾਸ਼ ਧਾਲੀਵਾਲ ਨੇ ਅੱਜ ਜਲੰਧਰ ਜ਼ਿਲ੍ਹੇ ਦੇ ਅਚਨਚੇਤ ਦੌਰੇ ਦੌਰਾਨ ਕੌਮੀ ਖੁਰਾਕ ਸੁਰੱਖਿਆ ਐਕਟ 2013 ਅਧੀਨ ਚੱਲ ਰਹੀਆਂ ਵੱਖ-ਵੱਖ ਸਕੀਮਾਂ ਦਾ ਨਿਰੀਖਣ ਕੀਤਾ। ਦੌਰੇ ਦੌਰਾਨ ਉਨ੍ਹਾਂ ਸਰਕਾਰੀ ਪ੍ਰਾਇਮਰੀ ਤੇ ਸਰਕਾਰੀ ਹਾਈ ਸਮਾਰਟ ਸਕੂਲ, ਸੰਸਾਰਪੁਰ, ਸਰਕਾਰੀ ਪ੍ਰਾਇਮਰੀ ਤੇ ਸਰਕਾਰੀ ਮਿਡਲ ਸਕੂਲ ਧੀਣਾ, ਸਰਕਾਰੀ ਪ੍ਰਾਇਮਰੀ ਤੇ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ, ਜਮਸ਼ੇਰ ਖਾਸ (ਕੰਨਿਆ) ਦਾ ਦੌਰਾ ਕੀਤਾ। ਇਸ ਦੌਰਾਨ ਸਰਕਾਰੀ ਸਕੂਲਾਂ ਵਿੱਚ ਮਿਡ-ਡੇ ਮੀਲ ਤਹਿਤ ਵਿਦਿਆਰਥੀਆਂ ਨੂੰ ਪਰੋਸੇ ਜਾ ਰਹੇ ਖਾਣੇ ਦੀ ਚੈਕਿੰਗ ਕੀਤੀ ਗਈ ਅਤੇ ਮੌਕੇ ’ਤੇ ਸਟਾਫ਼ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ ਗਏ। ਉਨ੍ਹਾਂ ਕਿਹਾ ਕਿ ਬੱਚਿਆਂ ਨੂੰ ਦਿੱਤੇ ਜਾ ਰਹੇ ਖਾਣੇ ਦੀ ਗੁਣਵੱਤਾ ਹਰ ਹਾਲ ਵਿੱਚ ਯਕੀਨੀ ਬਣਾਈ ਜਾਵੇ। ਸ਼੍ਰੀ ਧਾਲੀਵਾਲ ਨੇ ਜਮਸ਼ੇਰ ਖਾਸ ਦੇ ਦੋ ਆਂਗਣਵਾੜੀ ਕੇਂਦਰਾਂ ਦੀ ਚੈਕਿੰਗ ਕੀਤੀ ਅਤੇ ਕੇਂਦਰਾਂ ਨੂੰ ਮਿਲ ਰਹੀ ਰਾਸ਼ਨ ਸਪਲਾਈ ਦਾ ਜਾਇਜ਼ਾ ਲਿਆ।

---------------------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਅੱਜ ਰੱਖੜੀ ਦੇ ਸ਼ੁਭ ਅਵਸਰ ’ਤੇ ਦੇਸ਼-ਵਿਦੇਸ਼ ਵਿੱਚ ਵੱਸਦੇ ਸਮੂਹ ਪੰਜਾਬੀਆਂ ਨੂੰ ਵਧਾਈ ਦਿੱਤੀ ਏ। ਆਪਣੇ ਸੰਦੇਸ਼ ਵਿੱਚ ਸਪੀਕਰ ਸੰਧਵਾਂ ਨੇ ਕਿਹਾ ਕਿ ਰੱਖੜੀ ਦਾ ਤਿਉਹਾਰ ਭੈਣ-ਭਰਾ ਦੇ ਪਿਆਰ, ਵਿਸ਼ਵਾਸ ਅਤੇ ਸਨੇਹ ਦੇ ਪਵਿੱਤਰ ਤੇ ਅਟੁੱਟ ਰਿਸ਼ਤੇ ਦਾ ਪ੍ਰਤੀਕ ਏ। ਉਨ੍ਹਾਂ ਕਿਹਾ ਕਿ ਇਸ

ਰਵਾਇਤੀ ਤਿਉਹਾਰ ਦਾ ਸਾਡੇ ਅਮੀਰ ਇਤਿਹਾਸਕ ਅਤੇ ਸੱਭਿਆਚਾਰਕ ਵਿਰਸੇ ਨਾਲ ਡੂੰਘਾ ਸਬੰਧ ਏ । ਸਪੀਕਰ ਸੰਧਵਾਂ ਨੇ ਹਰੇਕ ਭਰਾ ਨੂੰ ਆਪਣੀ ਭੈਣ ਦੀ ਜੀਵਨ ਭਰ ਰੱਖਿਆ, ਦੇਖਭਾਲ ਅਤੇ ਸਾਥ ਦੇਣ ਦਾ ਪ੍ਰਣ ਲੈ ਕੇ ਇਸ ਤਿਉਹਾਰ ਦੀ ਅਸਲ ਭਾਵਨਾ ਦਾ ਸਤਿਕਾਰ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਆਓ ਅਸੀਂ ਮਿਲ ਕੇ ਸਮਾਜ ਵਿੱਚ ਆਪਸੀ ਸਤਿਕਾਰ ਅਤੇ ਸੁਰੱਖਿਆ ਦੀਆਂ ਕਦਰਾਂ-ਕੀਮਤਾਂ ਨੂੰ ਹੋਰ ਮਜ਼ਬੂਤ ਕਰੀਏ। ਸ੍ਰੀ ਸੰਧਵਾਂ ਨੇ ਇਸ ਖ਼ੁਸ਼ੀ ਦੇ ਮੌਕੇ 'ਤੇ ਸਮੂਹ ਪਰਿਵਾਰਾਂ ਵਿੱਚ ਅਮਨ, ਖ਼ੁਸ਼ਹਾਲੀ ਅਤੇ ਆਪਸੀ ਸਾਂਝ ਦੇ ਹੋਰ ਪਕੇਰੇ ਹੋਣ ਦੀ ਕਾਮਨਾ ਕੀਤੀ।

---------------------------------------------------------------------

ਪੰਜਾਬ ਦੇ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਹਲਕਾ ਆਦਮਪੁਰ ਦੇ ਪਿੰਡਾਂ ਨੂੰ ਸਿੰਚਾਈ ਲਈ ਪਾਣੀ ਮੁਹੱਈਆ ਕਰਵਾਉਣ ਵਾਸਤੇ 6 ਕਰੋੜ 67 ਲੱਖ ਰੁਪਏ ਦੀ ਲਾਗਤ ਨਾਲ ਮੁਕੰਮਲ ਹੋਏ ਪ੍ਰਾਜੈਕਟਾਂ ਦਾ ਉਦਘਾਟਨ ਕੀਤਾ । ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਦੱਸਿਆ ਕਿ ਹਲਕਾ ਆਦਮਪੁਰ ਵਿੱਚ ਬਿਸਤ ਦੁਆਬ ਨਹਿਰੀ ਸਿਸਟਮ ਅਧੀਨ 4. ਕਰੋੜ 67 ਲਖ ਦੀ ਲਾਗਤ ਨਾਲ ਪੱਕੇ ਖਾਲਿਆਂ ਦਾ ਕੰਮ ਮੁਕੰਮਲ ਕੀਤਾ ਗਿਆ ਏ ।

---------------------------------------------------------------------

ਭਾਰਤ ਅਤੇ ਸ਼੍ਰੀਲੰਕਾ ਵਿਚਕਾਰ ਖੇਡੀ ਗਈ ਦੋ ਮੈਚਾਂ ਦੀ ਟੈਸਟ

ਸੀਰੀਜ਼ , ਭਾਰਤ ਨੇ 1-0 ਨਾਲ ਜਿੱਤ ਲਈ ਏ | ਅੱਜ ਖਤਮ ਹੋਇਆ ਦੂਜਾ ਮੈਚ ਡਰਾਅ ਹੋਗਿਆ ਏ |

--------------------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ - ਸਰਕਾਰ 21ਵੀਂ ਸਦੀ ਦੇ ਭਾਰਤ ਲਈ, ਇੱਕ ਆਧੁਨਿਕ ਖੇਡ ਪ੍ਰਣਾਲੀ ਬਣਾਉਣ ਲਈ ਵਚਨਬੱਧ ਏ ।
- ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਕੱਲ ਬਾਬਾ ਬਕਾਲਾ ਵਿਖੇ ਕਿਸਾਨ ਚੌਪਾਲ ਵਿੱਚ ਹਿੱਸਾ ਲੈਣਗੇ ।
- ਪੰਜਾਬ 'ਚ ਸਰਕਾਰੀ ਮੁਲਾਜ਼ਮਾਂ ਦੀ ਹੜਤਾਲ -ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ -ਸਰਕਾਰ ਹਰ ਮੁੱਦੇ ਦਾ ਹੱਲ ਲੱਭਣ ਲਈ ਵਚਨਬੱਧ ਪਰ ਗੱਲਬਾਤ ਅਤੇ ਹੜਤਾਲ ਇੱਕੋ ਸਮੇਂ ਨਹੀਂ ਚੱਲ ਸਕਦੀਆਂ।
- ਭਾਰਤੀ ਜਨਤਾ ਪਾਰਟੀ ਨੇ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ 'ਤੇ ਆਪਣੇ ਸਰਕਾਰੀ ਮੁਲਾਜ਼ਮਾਂ ਨੂੰ ਮਹਿੰਗਾਈ ਭੱਤਾ ਜਾਰੀ ਨਾ ਕਰਨ ਦਾ ਇਲਜ਼ਾਮ ਲਗਾਇਆ ।
- ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਮੈਂਬਰ ਚੇਤਨ ਪ੍ਰਕਾਸ਼ ਧਾਲੀਵਾਲ ਨੇ ਅੱਜ ਜਲੰਧਰ 'ਚ ਕੌਮੀ ਖੁਰਾਕ ਸੁਰੱਖਿਆ ਐਕਟ 2013 ਅਧੀਨ ਚੱਲ ਰਹੀਆਂ ਵੱਖ-ਵੱਖ ਯੋਜਨਾਵਾਂ ਦਾ ਨਿਰੀਖਣ ਕੀਤਾ ।

ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ,

ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗ 7.30

ਨਮਸਕਾਰ